# ਸੋਮਵਾਰ 11 ਜੂਨ 2018 ਤੋਂ ਐਤਵਾਰ 17 ਜੂਨ 2018 ਤੱਕ

- **11.6.18 ਸੋਮਵਾਰ:-** ਗੁਰਗੱਦੀ ਦਿਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ
- **12.6.18 ਮੰਗਲਵਾਰ:- 11.00 ਵਜੇ:-** ਸ੍ਰ ਬਲਤਾਰ ਸਿੰਘ ਪਰਿਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

- **13.6.18 ਬੁੱਧਵਾਰ: - 4.30 ਵਜ਼ੇ:-** ਸ੍ਰ ਜਾਤਿੰਦਰ ਸਿੰਘ ਬਾਸੀ ਅਤੇ ਪਰਿਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ, ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ **ਦੇਗਾਂ ਦੀਆਂ ਸੇਵਾਵਾਂ: -** ਸ੍ਰ ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **14.6.18 ਵੀਰਵਾਰ:-**
- **6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

- **15.6.18 ਸ਼ੁਕਰਵਾਰ:-** ਹਾੜ ਦੀ ਸੰਗ੍ਰਾਂਦ ਦਾ ਦਿਨ ਹੈ।

- **10.00 ਵਜ਼ੇ:-** ਲੈਸਟਰ ਡਾਇਕ ਦੀਆਂ ਕਰਮਚਾਰੀਆਂ ਬੀਬੀਆਂ ਵੱਲੋਂ ਸ਼ਹੀਦ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।
- **ਦੇਗਾਂ ਦੀਆਂ ਸੇਵਾਵਾਂ:** - ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ, ਸ੍ਰ ਛਿੰਦਾ ਸਿੰਘ ਥਾਂਦੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

- **16.6.18 ਸ਼ਨਿਚਰਵਾਰ: -**
- **11.00 ਵਜੇ:-** ਲੈਸਟਰ ਡਾਇਕ ਦੀਆਂ ਕਰਮਚਾਰੀਆਂ ਬੀਬੀਆਂ ਵੱਲੋਂ 11.00 ਵਜੇ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- ਸ਼ਹੀਦੀ ਦਿਨ ਸ੍ਰੀ ਗੁਰੂ ਅਰਜਨ ਦੇਵ ਜੀ
- **3.00 ਵਜੇ:-** ਮਾਨ ਪਰਿਵਾਰ ਦੇ ਗ੍ਰਹਿ ਵਿੱਖੇ ਸੁਖਮਨੀ ਸਾਹਿਬ ਦੇ ਪਾਠ ਹੋਣਗੇ।
- **4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **17.6.18 ਐਤਵਾਰ:-**
- **10.00 ਵਜ਼ੇ: -** ਲੈਸਟਰ ਡਾਇਕ ਦੀਆਂ ਕਰਮਚਾਰੀਆਂ ਬੀਬੀਆਂ ਵੱਲੋਂ ਸ਼ਹੀਦ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦੇ ਸਬੰਧ ਵਿੱਚ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ।
- **Today Examination in Punjabi school.**
- **Today Father Day.**
- **Today passport Surgery from 11.00-1.00PM**

## ਜੂਨ

- 23 ਜੂਨ **ਜਨਮ ਦਿਨ ਭਗਤ ਕਬੀਰ ਜੀ**
- 25 ਜੂਨ **ਸ਼ਹੀਦੀ ਬਾਬਾ ਬੰਦਾ ਸਿੰਘ ਬਹਾਦਰ ਜੀ**

- 29 ਜੂਨ ਬਰਸੀ ਮਹਾਰਾਜਾ ਰਣਜੀਤ ਸਿੰਘ ਜੀ

## ਗੁਰੁ ਅਰਜਨ ਦੇਵ ਜੀ

ਸ੍ਰੀ ਗੁਰੂ ਅਰਜਨ ਸਾਹਿਬ ਦੀ ਸ਼ਹਾਦਤ ਧਰਮਾਂ ਦੇ ਇਤਿਹਾਸ ਵਿਚ ਇਕ ਮਹਾਨ ਤੇ ਜੁਗ ਪਲਟਾਊ ਘਟਨਾ ਹੈ ।ਇਹ ਸ਼ਹੀਦੀ ਮਨੁੱਖਤਾ ਦੇ ਇਤਿਹਾਸ ਵਿਚ ਇਨਕਲਾਬੀ ਮੋੜ ਦੀ ਸੂਚਕ ਹੋ ਨਿੱਬੜੀ । ਇਸ ਸ਼ਹਾਦਤ ਨੇ ਸਿੱਖਾਂ ਨੂੰ ਸਬਰ, ਸੰਤੋਖ ਤੇ ਦ੍ਰਿੜ੍ਹਤਾ ਨਾਲ ਆਪਣੇ ਹੱਕਾਂ ਦੀ ਰੱਖਿਆ ਕਰ ਸਕਣ ਦਾ ਚੱਜ ਸਿਖਾ ਕੇ ਸਿੱਖੀ ਦੇ ਮਹੱਲ ਦੀਆਂ ਨੀਹਾਂ ਨੂੰ ਐਸਾ ਪੱਕਾ ਤੇ ਮਜ਼ਬੂਤ ਕੀਤਾ ਕਿ ਆਉਣ ਵਾਲੇ ਸਮੇਂ ਵਿਚ ਜ਼ੁਲਮ ਦੇ ਝੱਖੜ ਇਸ ਦਾ ਕੁਝ ਨਾ ਵਿਗਾੜ ਸਕੇ । ਇਸ ਸ਼ਹਾਦਤ ਨੇ ਸਿੱਖ ਮਰਜੀਵੜਿਆਂ ਨੂੰ ਮਰਨ ਦੀ ਅਜਿਹੀ ਜਾਚ ਸਿਖਾਈ ਕਿ ਉਹ 'ਬਹੁਰਿ ਨ ਮਰਨਾ ਹੋਇ' ਦੇ ਲਕਸ਼ ਨੂੰ ਪ੍ਰਾਪਤ ਹੋ ਗਏ । ਇਸ ਸ਼ਹੀਦੀ ਨਾਲ ਸਿੱਖ ਇਤਿਹਾਸ ਵਿਚ ਸ਼ਹੀਦੀਆਂ ਦਾ ਨਵਾਂ ਅਧਿਆਇ ਆਰੰਭ ਹੋਇਆ ।

ਸ਼ਹੀਦ ਦੀ ਸ਼ਹਾਦਤ ਹਮੇਸ਼ਾ ਸੱਚ ਵਾਸਤੇ ਹੁੰਦੀ ਹੈ, ਇਸ ਕਰਕੇ ਸੱਚ ਅਤੇ ਸ਼ਹਾਦਤ ਦਾ ਰਿਸ਼ਤਾ ਵੀ ਅਟੁੱਟ ਹੁੰਦਾ ਹੈ । ਸਿੱਖ ਧਰਮ ਵਿਚ ਸੱਚ 'ਤੇ ਚੱਲਣ ਦਾ ਮਾਰਗ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਉਜਾਗਰ ਕੀਤਾ ਸੀ ਅਤੇ ਨਾਲ ਇਹ ਵੀ ਸੱਦਾ ਦਿੱਤਾ ਸੀ-

ਜਉ ਤਉ ਪ੍ਰੇਮ ਖੇਲਣ ਕਾ ਚਾਉ
ਸਿਰੁ ਧਰਿ ਤਲੀ ਗਲੀ ਮੇਰੀ ਆਉ
ਇਤੁ ਮਾਰਗਿ ਪੈਰੁ ਧਰੀਜੈ
ਸਿਰੁ ਦੀਜੈ ਕਾਣਿ ਨ ਕੀਜੈ (ਪੰਨਾ : 1412)

ਸ੍ਰੀ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਦੇ ਅਸਲ ਕਾਰਨ ਬਾਦਸ਼ਾਹ ਦੀ ਧਾਰਮਿਕ ਕੱਟੜਤਾ ਤੇ ਤੰਗਦਿਲੀ ਸੀ । ਬਾਕੀ ਸਾਰੇ ਕਾਰਨ ਉਸ ਕੱਟੜਤਾ ਵਿਚ ਸਹਾਇਕ ਸਿੱਧ ਹੋਏ ਙ ਅਸਲ ਵਿਚ ਜਹਾਂਗੀਰ ਮੌਕੇ ਦੀ ਭਾਲ ਵਿਚ ਸੀ ਕਿ ਕਦੋਂ ਕੋਈ ਬਹਾਨਾ ਮਿਲੇ ਤੇ ਉਹ ਸਿੱਖ ਲਹਿਰ ਨੂੰ ਖ਼ਤਮ ਕਰ ਦੇਵੇ । ਇਸ ਗੱਲ ਦਾ ਜ਼ਿਕਰ ਉਹ ਆਪਣੀ ਸਵੈ-ਜੀਵਨੀ ਤੁਜ਼ਕਿ ਜਹਾਂਗੀਰੀ ਵਿਚ ਵੀ ਕਰਦਾ ਹੈ । 'ਤੁਜ਼ਕਿ ਜਹਾਂਗੀਰੀ' ਨੂੰ ਗਹੁ ਨਾਲ ਵਾਚਿਆਂ ਪਤਾ ਲਗਦਾ ਹੈ ਕਿ ਗੁਰੂ ਸਾਹਿਬ ਦੀ ਸ਼ਹਾਦਤ ਜਹਾਂਗੀਰ ਦੀ ਧਾਰਮਿਕ ਕੱਟੜਤਾ ਦੀ ਨੀਤੀ ਦਾ ਵੀ ਇਕ ਅਹਿਮ ਕਾਰਨ ਸੀ । ਉਸ ਨੂੰ ਬਹਾਨੇ ਦੀ ਤਲਾਸ਼ ਸੀ ਅਤੇ ਉਹ ਉਸ ਨੂੰ ਖੁਸਰੋ ਦੀ ਬਗਾਵਤ ਵਿਚੋਂ ਮਿਲਿਆ । ਜਹਾਂਗੀਰ ਨੇ ਗੁਰੂ ਸਾਹਿਬ ਨੂੰ ਯਾਸਾ-ਏ-ਸਿਆਸਤ ਅਧੀਨ ਸਜ਼ਾ ਦਿੱਤੀ, ਜਿਸ ਤੋਂ ਭਾਵ ਹੈ ਕਿ ਤਸੀਹੇ ਦੇ ਕੇ ਮਾਰਨਾ ਙ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਨੂੰ ਪਹਿਲਾਂ ਤੱਤੀ ਲੋਹ 'ਤੇ ਬਿਠਾਇਆ ਗਿਆ, ਸੀਸ ਉਤੇ ਗਰਮ ਰੇਤ ਪਾਈ ਗਈ ਅਤੇ ਉੱਬਲਦੀ ਦੇਗ਼ ਵਿਚ ਬਿਠਾਇਆ ਗਿਆ । ਇਤਿਹਾਸ ਮੁਤਾਬਿਕ ਇਹ ਸਾਰਾ ਕੰਮ ਲਾਹੌਰ ਦਰਬਾਰ ਵਿਚ ਅਸਰ-ਰਸੂਖ ਰੱਖਣ ਵਾਲੇ ਵਿਅਕਤੀਆਂ ਵੱਲੋਂ ਕੀਤਾ ਗਿਆ ।

ਇਤਿਹਾਸ ਇਸ ਗੱਲ ਦਾ ਸਾਖੀ ਹੈ ਕਿ ਗੁਰੂ ਜੀ ਅਖੀਰ ਤੱਕ ਅਡੋਲ, ਨਿਰਭੈ ਅਤੇ ਸ਼ਾਂਤ-ਚਿਤ ਰਹੇ । ਉਹ ਇਸ ਭਿਆਨਕ, ਨਿਰਦਈ ਹਾਲਾਤ ਵਿਚ ਵੀ ਹਰੀ ਸਿਮਰਨ ਵਿਚ ਲੀਨ ਰਹੇ ਤੇ ਪ੍ਰਭੂ ਦੇ ਭਾਣੇ ਨੂੰ ਸਦਾ ਮਿੱਠਾ ਕਰਕੇ ਮੰਨਣ ਦੀ ਜਾਚ ਸਿਖਾ ਗਏ । ਆਪ ਜੀ ਦੀ ਸ਼ਹਾਦਤ ਸਹਿਣਸ਼ੀਲਤਾ ਦੀ ਅਖੀਰ ਸੀ, ਜਿਸ ਨਾਲ 'ਤੇਰਾ ਕੀਆ ਮੀਠਾ ਲਾਗੈ' ਦਾ ਫਲਸਫਾ 'ਚੂੰ ਕਾਰ ਅਜ਼ ਹਮਹ ਹੀਲਤੇ ਦਰ ਗੁਜਸ਼ਤੂ ਹਲਾਲੁ ਅਸਤੁ ਬੁਰਦਨ ਬ ਸ਼ਮਸ਼ੀਰ ਦਸਤੂ' ਵਿਚ ਤਬਦੀਲ ਹੋ ਗਿਆ ।

ਗੁਰੂ ਸਾਹਿਬ ਦੀ ਸ਼ਹੀਦੀ ਨਾਲ ਸਿੱਖਾਂ ਦੇ ਮਨਾਂ ਵਿਚ ਇਹ ਗੱਲ ਘਰ ਕਰ ਗਈ ਕਿ ਧਰਮ ਦੀ ਰੱਖਿਆ ਲਈ ਜ਼ੁਲਮ ਦੇ ਅੱਗੇ ਗੋਡੇ ਟੇਕਣ ਦੀ ਬਜਾਏ ਹਥਿਆਰਬੰਦ ਹੋਣਾ ਤੇ ਵੈਰੀ ਨਾਲ ਦੋ ਹੱਥ ਕਰਨਾ ਲਾਜ਼ਮੀ ਹੈ ਙ ਇਸ ਸ਼ਹਾਦਤ ਤੋਂ ਬਾਅਦ ਮਾਲਾ ਫੇਰਨ ਵਾਲੇ ਹੱਥਾਂ ਵਿਚ ਸ਼ਮਸ਼ੀਰ ਆ ਗਈ । ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ ਅਤੇ ਅਕਾਲ ਪੁਰਖ ਦੇ ਸਦਾ ਰਹਿਣ ਵਾਲੇ 'ਸ੍ਰੀ ਅਕਾਲ ਤਖ਼ਤ ਸਾਹਿਬ' ਦੀ ਸਥਾਪਨਾ ਕੀਤੀ ।

ਗੁਰੂ ਜੀ ਦੀ ਖਾਮੋਸ਼ ਸ਼ਹਾਦਤ ਨੇ ਸਿੱਖ ਕੌਮ ਵਿਚ ਜਬਰ ਵਿਰੁੱਧ ਬਗਾਵਤ ਦਾ ਅਥਾਹ ਜੋਸ਼ ਭਰ ਦਿੱਤਾ ਙ ਇਹੀ ਕਾਰਨ ਸੀ ਕੇ ਸਿੱਖਾਂ ਨੇ ਹਰ ਮੁਸੀਬਤ ਨੂੰ ਖਿੜੇ-ਮੱਥੇ ਝੱਲਦਿਆਂ ਤੇ ਤਸੀਹੇ ਸਹਾਰਦਿਆਂ ਹੋਇਆਂ ਬੇ-ਅਣਖੇ ਜੀਵਨ ਨਾਲੋਂ ਅਣਖ ਭਰੀ ਮੌਤ ਨੂੰ ਪਹਿਲ ਦਿੱਤੀ । 'ਪਹਿਲਾ ਮਰਣੁ ਕਬੂਲਿ ਜੀਵਣ ਕੀ ਛਡਿ ਆਸੁ ਹੋਹੁ ਸਭਨਾ ਕੀ ਰੇਣੁਕਾ ਤਉ ਆਉ ਹਮਾਰੈ ਪਾਸਿ (ਪੰਨਾ 1102)' ਦਾ ਅਦਰਸ਼ ਸਿੱਖੀ ਵਿਚ ਦਾਖਲ